# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 03 ਮਈ 2026 ਦਿਨ ਐਤਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਮਾਣਯੋਗ ਜਸਟਿਸ ਵਰਿੰਦਰ ਅੱਗਰਵਾਲ ਅਤੇ ਮੈਡਮ ਅੱਗਰਵਾਲ ਦਾ ਸਨਮਾਨ

ਵਰਲਡ ਪੰਜਾਬੀ ਟਾਈਮਜ਼




ਮਸਤੂਆਣਾ ਸਾਹਿਬ 3 ਮਈ : ਸੰਤ ਅਤਰ ਸਿੰਘ ਜੀ ਮਹਾਰਾਜ ਦੀ ਵਰੋਸਾਈ ਧਰਤੀ ਮਸਤੂਆਣਾ ਸਾਹਿਬ ਵਿਖੇ ਮਾਣਯੋਗ ਜਸਟਿਸ ਵਰਿੰਦਰ ਅੱਗਰਵਾਲ ,ਜੱਜ , ਪੰਜਾਬ ਅਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਅਤੇ ਮੈਡਮ ਅੱਗਰਵਾਲ ਦਾ ਪੰਜਾਬੀ ਸਾਹਿਤ ਸਭਾ ਸੰਗਰੂਰ (ਰਜਿ.) ਵੱਲੋਂ ਸਨਮਾਨ ਕਰਦੇ ਹੋਏ ਸ. ਜਗਦੀਪ ਸਿੰਘ ਗੰਧਾਰਾ ਐਡਵੋਕੇਟ , ਨਾਲ ਡਾ. ਭਗਵੰਤ ਸਿੰਘ ਪ੍ਰਧਾਨ ਸਾਹਿਤ ਸਭਾ , ਕੁਲਵੰਤ ਸਿੰਘ ਕਸਕ , ਤੇ ਸ. ਅਨੋਖ ਸਿੰਘ ਵਿਰਕ।

## ਡਾ: ਮੇਹਰ ਮਾਣਕ ਦੀ ਪੁਸਤਕ ਲੋਕ-ਅਰਪਣ ਅਤੇ ਚਰਚਾ

ਵਰਲਡ ਪੰਜਾਬੀ ਟਾਈਮਜ਼



ਚੰਡੀਗੜ੍ਹ 3 ਮਈ : ਸਾਹਿਤ ਵਿਗਿਆਨ ਕੇਂਦਰ ( ਰਜਿ.) ਚੰਡੀਗੜ੍ਹ ਵਲੋਂ ਇੱਕ ਵਿਸ਼ੇਸ਼ ਅਤੇ ਵਿਸ਼ਾਲ ਇਕੱਤਰਤਾ ਵਿਚ ਡਾ. ਮੇਹਰ ਮਾਣਕ ਦੀ ਪੰਜਾਬ ਦੇ ਮਸਲਿਆਂ/ ਸੰਕਟਾਂ ਬਾਰੇ ਪੁਸਤਕ " "ਪੰਜਾਬ– ਪੇਚੀਦਾ ਸਥਿਤੀ ਤੇ ਚੁਣੌਤੀਆਂ" ਅੱਜ ਪੰਜਾਬ ਕਲਾ ਭਵਨ ਚੰਡੀਗੜ੍ਹ ਵਿਖੇ ਲੋਕ-ਅਰਪਣ ਕੀਤੀ ਗਈ। ਇਸ ਸਮਾਗਮ ਦੀ ਪ੍ਰਧਾਨਗੀ ਪ੍ਰੋਫੈਸਰ ( ਡਾ.) ਲਖਵਿੰਦਰ ਸਿੰਘ ਗਿੱਲ, ਥਾਪਰ ਯੂਨੀਵਰਸਿਟੀ ਪਟਿਆਲਾ ਨੇ ਕੀਤੀ ਅਤੇ ਪ੍ਰਸਿੱਧ ਪੱਤਰਕਾਰ ਦੀਪਕ ਸ਼ਰਮਾ ਚਨਾਰਥਲ ( ਪ੍ਰਧਾਨ, ਪੰਜਾਬੀ ਲੇਖਕ ਸਭਾ, ਚੰਡੀਗੜ੍ਹ) ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ । ਪ੍ਰਧਾਨਗੀ ਮੰਡਲ ਵਿੱਚ ਕਿਤਾਬ ਦੇ ਲੇਖਕ ਡਾ. ਮੇਹਰ ਮਾਣਕ ਅਤੇ ਗੁਰਦਰਸ਼ਨ ਸਿੰਘ ਮਾਵੀ ( ਪ੍ਰਧਾਨ, ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ) ਵੀ ਸ਼ਾਮਲ ਸਨ। ਪ੍ਰੋਗਰਾਮ ਦੇ ਸ਼ੁਰੂ ਵਿੱਚ ਪ੍ਰਧਾਨਗੀ ਮੰਡਲ ਨੇ ਕਿਤਾਬ ਨੂੰ ਲੋਕ-ਅਰਪਣ ਕਰਨ ਦੀਆਂ ਰਸਮਾਂ ਨਿਭਾਈਆਂ। ਇਸ ਕਿਤਾਬ ਉੱਤੇ ਪ੍ਰੋਫੈਸਰ ਗੁਰਮੇਲ ਸਿੰਘ ਨੇ ਆਪਣਾ ਪਰਚਾ ਪੜ੍ਹਿਆ। ਪਰਚਾ ਪੜ੍ਹਦਿਆਂ ਡਾ. ਗੁਰਮੇਲ ਸਿੰਘ ਨੇ ਕਿਹਾ ਕਿ ਇਹ ਕਿਤਾਬ ਇਤਿਹਾਸਕ ਦਸਤਾਵੇਜ ਬਣੇਗੀ।ਹਰੀ ਕ੍ਰਾਂਤੀ ਨੇ ਥੋੜ੍ਹੇ ਸਮੇਂ ਲਈ ਖੁਸ਼ਹਾਲੀ ਲਿਆਂਦੀ ਪਰ ਹੁਣ ਕਈ ਸਮਸਿਆਵਾਂ ਪੈਦਾ ਹੋ ਰਹੀਆਂ ਹਨ।ਪਾਣੀ ਦਾ ਸੰਕਟ ਦਿਨੋ ਦਿਨ ਗੰਭੀਰ ਹੁੰਦਾ ਜਾ ਰਿਹਾ ਹੈ। ਇਹ ਕਿਤਾਬ ਵਿਰਾਟ ਹੋ ਰਹੇ ਸੰਕਟਾਂ ਵੱਲ ਇਸ਼ਾਰਾ ਕਰ ਰਹੀ ਹੈ।ਪ੍ਰਿੰਸੀਪਲ ਸਤਨਾਮ ਸਿੰਘ ਸ਼ੋਕਰ ਨੇ ਸਮਾਗਮ ਵਿੱਚ ਬੋਲਦਿਆਂ ਕਿਹਾ ਕਿ ਖੇਤੀਬਾੜੀ ਹੁਣ ਲਾਹੇਵੰਦ ਨਹੀਂ ਰਹੀ ਅਤੇ ਵਾਤਾਵਰਣ ਪਲੀਤ ਹੋ ਰਿਹਾ ਹੈ। ਸਾਨੂੰ ਇਸ ਬਾਰੇ ਗੰਭੀਰਤਾ ਨਾਲ ਸੋਚਣ ਦੁ ਜ਼ਰੂਰਤ ਹੈ। ਦੀਪਕ ਚਨਾਰਥਲ ਨੇ ਆਪਣੇ ਭਾਸ਼ਣ ਵਿੱਚ ਵੇਰਵੇ ਸਹਿਤ ਦੱਸਿਆ ਕਿ ਸਿਆਸੀ ਨੇਤਾ ਕੁਰਸੀ ਦੀ ਫਿਕਰ ਕਰਦੇ ਹਨ ਪਰ ਲੋਕਾਂ ਦੇ ਭਲੇ ਲਈ ਕੋਈ ਨਹੀਂ ਸੋਚਦਾ। ਸਿਆਸੀ ਇੱਛਾਸ਼ਕਤੀ ਅਤੇ ਸੋਚਣ ਸ਼ਕਤੀ ਦਾ ਗਾਇਬ ਹੋਣਾ ਫ਼ਿਕਰਮੰਦੀ ਵਾਲੀ ਗੱਲ ਹੈ। ਭੁਪਿੰਦਰ ਮਲਿਕ, ਪਰਮਜੀਤ ਮਾਨ, ਸੰਦੀਪ ਸਿੰਘ, ਡਾ. ਦਵਿੰਦਰ ਬੋਹਾ ਅਤੇ ਡਾ. ਹਰਨੇਕ ਸਿੰਘ ਕਲੇਰ ਨੇ ਵੀ ਕਿਤਾਬ ਬਾਰੇ ਆਪਣੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਮੇਹਰ ਮਾਣਕ ਨੇ ਕਿਹਾ ਕਿ ਸਰਕਾਰ ਨਿੱਕੀਆਂ ਨਿੱਕੀਆਂ ਸਹੂਲਤਾਂ ਨਾਲ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ।ਪ੍ਰਧਾਨਗੀ ਭਾਸ਼ਨ ਵਿਚ ਡਾ. ਗਿੱਲ ਨੇ ਦੱਸਿਆ ਕਿ ਇਹ ਕਿਤਾਬ ਸਰਲ ਭਾਸ਼ਾ ਵਿਚ ਲਿਖੀ ਗਈ ਹੈ ਜੋ ਸਾਂਭਣਯੋਗ ਹੈ।ਮੁੱਢ ਤੋਂ ਹੀ ਮਨੁੱਖ ਦੇ ਵਿਕਾਸ ਨਾਲ ਬਦਲਾਅ ਹੁੰਦਾ ਆਇਆ ਹੈ।ਹੁਣ ਸਰਕਾਰਾਂ ਵਲੋਂ ਲੋਕਾਂ ਦੇ ਹੱਕ ਦਬਾਏ ਜਾ ਰਹੇ ਹਨ।ਲੇਖਕਾਂ ਨੂੰ, ਬੁਧੀਜੀਵੀਆਂ ਨੂੰ ਡਟ ਕੇ ਲਿਖਣਾ ਚਾਹੀਦਾ ਹੈ। ਸੋਮਵਾਰ ਸਮੇਂ ਦੀ ਜ਼ਰੂਰਤ ਹੈ ਅਤੇ ਨਵੀਂ ਪੀੜ੍ਹੀ ਨੂੰ ਅੱਗੇ ਆਉਣਾ ਚਾਹੀਦਾ ਹੈ। ਇਹ ਸਮਾਗਮ ਪ੍ਰਸਿੱਧ ਸਮਾਜ ਵਿਗਿਆਨੀ ਸਵ. ਪ੍ਰੋਫੈਸਰ ਕੇ ਗੋਪਾਲ ਅਈਅਰ ਅਤੇ ਜਮਹੂਰੀ ਹੱਕਾਂ ਲਈ ਕੰਮ ਕਰਨ ਵਾਲੇ ਕਾਰਕੁੰਨ ਸਵ. ਸ਼ਿਵਚਰਨ ਸੰਧੂ ਅਰਾਈਆਂਵਾਲਾ ਨੂੰ ਸਮਰਪਿਤ ਕੀਤਾ ਗਿਆ ਇਸ ਪ੍ਰੋਗਰਾਮ ਦੀ ਸਟੇਜ ਸੰਚਾਲਨ ਗੁਰਦਰਸ਼ਨ ਸਿੰਘ ਮਾਵੀ ਨੇ ਸੁਚੱਜੇ ਢੰਗ ਨਾਲ ਕੀਤਾ। ਇਸ ਮੌਕੇ ਬਹੁਤ ਵੱਡੀ ਗਿਣਤੀ ਵਿਚ ਪਤਵੰਤੇ ਸੱਜਣ, ਵਿਦਵਾਨ ਅਤੇ ਲੇਖਕ ਹਾਜਰ ਸਨ।

## ਸਿਹਤ ਮੰਤਰੀ ਨੇ ਆਲ ਇੰਡੀਆ ਅੰਬੇਦਕਰ ਮਹਾਸਭਾ ਦੇ ਨਵੇਂ ਕੇਂਦਰੀ ਦਫ਼ਤਰ ਦਾ ਕੀਤਾ ਉਦਘਾਟਨ

### ਬਾਬਾ ਸਾਹਿਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਸਮਾਨਤਾ ਲਾਜ਼ਮੀ: ਡਾ. ਬਲਬੀਰ ਸਿੰਘ

### ਕਿਹਾ, ਪੰਜਾਬ ਸਰਕਾਰ ਸਿੱਖਿਆ, ਸਿਹਤ ਅਤੇ ਰੋਜ਼ਗਾਰ ਵਿੱਚ ਲਗਾਤਾਰ ਸੁਧਾਰ ਕਰ ਰਹੀ ਹੈ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ 3 ਮਈ:ਪਟਿਆਲਾ ਦੇ ਰਣਜੀਤ ਨਗਰ ਵਿੱਚ ਆਲ ਇੰਡੀਆ ਅੰਬੇਡਕਰ ਮਹਾਸਭਾ (ਰਜਿ.) ਦੇ ਕੇਂਦਰੀ ਦਫ਼ਤਰ ਦਾ ਰਸਮੀ ਉਦਘਾਟਨ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕੀਤਾ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸਮਾਜ ਸੇਵਕਾਂ, ਅਧਿਕਾਰੀਆਂ ਅਤੇ ਸਥਾਨਕ ਨਿਵਾਸੀਆਂ ਨੇ ਸ਼ਿਰਕਤ ਕੀਤੀ।




ਮੁੱਖ ਮਹਿਮਾਨ ਡਾ. ਬਲਬੀਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਡਾ. ਬੀ. ਆਰ. ਅੰਬੇਡਕਰ ਦੇ ਸੁਪਨਿਆਂ ਵਾਲਾ ਸਮਾਜ ਤਦ ਹੀ ਬਣ ਸਕਦਾ ਹੈ ਜਦੋਂ ਹਰ ਵਰਗ ਨੂੰ ਬਰਾਬਰੀ ਦੇ ਮੌਕੇ ਮਿਲਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ, ਸਿਹਤ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਲਗਾਤਾਰ ਕਦਮ ਚੁੱਕ ਰਹੀ ਹੈ ਤਾਂ ਜੋ ਆਮ ਲੋਕਾਂ ਦੀ ਜ਼ਿੰਦਗੀ ਵਿੱਚ ਸੁਧਾਰ ਆ ਸਕੇ।

ਸਿਹਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦਾ ਬੀਮਾ ਦੇ ਕੇ ਸਰਕਾਰ ਨੇ ਗਰੀਬ ਅਤੇ ਮੱਧ ਵਰਗ ਦੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਓਹਨਾ ਕਿਹਾ ਕਿ ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਅਤੇ ਵਧੀਆ ਸਿਹਤ ਸੇਵਾਵਾਂ ਮਿਲ ਰਹੀਆਂ ਹਨ, ਜਿਸ ਨਾਲ ਲੋਕਾਂ ਦਾ ਖਰਚਾ ਘਟਿਆ ਹੈ।

ਡਾ. ਬਲਬੀਰ ਸਿੰਘ ਨੇ ਇਹ ਵੀ ਕਿਹਾ ਕਿ ਨੌਜਵਾਨਾਂ ਲਈ ਨਵੀਆਂ ਨੌਕਰੀਆਂ ਪੈਦਾ ਕਰਨ, ਮਜ਼ਦੂਰਾਂ ਦੀ ਭਲਾਈ ਲਈ ਖ਼ਾਸ ਯੋਜਨਾਵਾਂ ਲਿਆਉਣ ਅਤੇ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਸਰਕਾਰ ਵਚਨਬੱਧ ਹੈ।

ਇਸ ਮੌਕੇ ਮਹਾਸਭਾ ਦੇ ਕੌਮੀ ਪ੍ਰਧਾਨ ਰਾਕੇਸ਼ ਬਹਾਦਰ ਨੇ ਵੀ ਅਮਰੀਕ ਸਿੰਘ ਬੰਗੜ ਦੀ ਕਾਰਗੁਜ਼ਾਰੀ ਦੀ ਸਰਾਹਨਾ ਕਰਦਿਆਂ ਕਿਹਾ ਕਿ ਉਹ ਇੱਕ ਸੱਚੇ ਅੰਬੇਡਕਰਵਾਦੀ ਹਨ। ਉਨ੍ਹਾਂ ਦੱਸਿਆ ਕਿ ਸੰਗਠਨ ਦੇਸ਼ ਦੇ 18 ਰਾਜਾਂ ਵਿੱਚ ਸਰਗਰਮ ਹੈ ਅਤੇ ਸਮਾਜਿਕ ਜਾਗਰੂਕਤਾ ਫੈਲਾਉਣ ਦੇ ਨਾਲ-ਨਾਲ ਨੌਜਵਾਨਾਂ ਨੂੰ ਅੰਬੇਡਕਰਵਾਦੀ ਸੋਚ ਨਾਲ ਜੋੜ ਰਿਹਾ ਹੈ।

ਪ੍ਰੋਗਰਾਮ ਦੌਰਾਨ ਕੌਮੀ ਖਜ਼ਾਨਚੀ ਰੀਨਾ ਗਾਵਸਕਰ ਵਾਲਮੀਕਿ, ਪੰਜਾਬ ਪ੍ਰਦੇਸ਼ ਪ੍ਰਧਾਨ ਨਿਰਮਲਜੀਤ, ਰੋਹਿਤ ਹੰਸ, ਸੁਖ ਰਾਮ ਅਤੇ ਉਪ ਪ੍ਰਧਾਨ ਪਲਵਿੰਦਰ ਸਿੰਘ ਦੋਸਾਂਝ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਨਿਰਮਲ ਚੌਹਾਨ, ਹਰਵਿੰਦਰ ਵਾਲੀਆ, ਭਗਤ ਰਾਜ ਤਿਸਾਵਰ, ਡਾ. ਬਲਰਾਜ ਬੇਦੀ ਸਮੇਤ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

## ਪੰਜਾਬੀ, ਹਿੰਦੀ ਅਤੇ ਇਤਾਲਵੀ ਭਾਸ਼ਾ ਦਾ ਸਾਂਝਾ ਸਾਹਿਤਿਕ ਸਮਾਗਮ ।

### ਯੂਰਪੀ ਪੰਜਾਬੀ ਸਾਹਿਤ ਅਕਾਦਮੀ (ਇਪਲਾ) ਵੱਲੋਂ ਬਹੁ ਭਾਸ਼ਾਈ ਸਾਹਿਤਕ ਸਮਾਗਮ "ਜੰਗ ਜਾਂ ਅਮਨ" ਦਾ ਆਯੋਜਨ

### ਉੱਘੇ ਚਿੰਤਕ, ਕਵੀ ਤੇ ਨਾਟਕਕਾਰ ਅਮਰਜੀਤ ਸਿੰਘ ਗਰੇਵਾਲ (ਪੰਜਾਬ ,ਭਾਰਤ), ਇਤਾਲਵੀ ਕੌਂਸਲਰ ਮਾਸੀਮੋ ਬਿਲੈਈ (ਇਟਲੀ), ਅਧਿਆਪਕ, ਅਨੁਵਾਦਕ ਤੇ ਆਲੋਚਕ ਸੁਰੀਤੀ ਰਘੂਨੰਦਨ (ਮੌਰੀਸ਼ਸ)ਤੇ ਵੱਖ ਵੱਖ ਕਵੀਆਂ ਨੇ ਲਿਆ ਭਾਗ

ਵਰਲਡ ਪੰਜਾਬੀ ਟਾਈਮਜ਼



ਇਪਲਾ 3 ਮਈ : ਯੂਰਪੀ ਪੰਜਾਬੀ ਸਾਹਿਤ ਅਕਾਦਮੀ (ਇਪਲਾ) ਵੱਲੋਂ ਪਿਛਲੇ ਦਿਨੀਂ ਬਹੁ ਭਾਸ਼ਾਈ ਆਨ ਲਾਈਨ ਸਾਹਿਤਕ ਸਮਾਗਮ ਜੰਗ ਜਾਂ ਅਮਨ ਵਿਸ਼ੇ ਨੂੰ ਲੈ ਕੇ ਕੀਤਾ ਗਿਆ। ਜਿਸ ਵਿੱਚ ਪੰਜਾਬੀ, ਹਿੰਦੀ ਤੇ ਇਟਾਲੀਅਨ ਭਾਸ਼ਾਵਾਂ ਦੇ ਵਿਦਵਾਨ, ਚਿੰਤਕ ਤੇ ਕਵੀ ਇੱਕ ਮੰਚ ਉੱਪਰ ਇਕੱਤਰ ਹੋਏ। ਸਮਾਗਮ ਦੇ ਆਰੰਭ ਵਿੱਚ ਇਪਲਾ ਦੇ ਪ੍ਰਧਾਨ ਬਲਵਿੰਦਰ ਸਿੰਘ ਚਾਹਲ ਨੇ ਪੰਜਾਬੀ ਅਤੇ ਇਤਾਲਵੀ ਭਾਸ਼ਾਵਾਂ ਵਿੱਚ ਸਭ ਨੂੰ ਜੀ ਆਇਆ ਆਖਦੇ ਹੋਏ ਕਿਹਾ ਕਿ ਅੱਜ ਸੰਸਾਰ ਦੇ ਵੱਖ ਵੱਖ ਖੇਤਰਾਂ ਵਿੱਚ ਜੰਗਾਂ ਯੁੱਧਾਂ ਦਾ ਪਸਾਰਾ ਹੈ। ਉਸ ਨਾਲ ਸਮੁੱਚੀ ਮਾਨਵਤਾ ਇੱਕ ਔਖੇ ਦੌਰ ਵਿੱਚੋਂ ਗੁਜ਼ਰ ਰਹੀ ਹੈ। ਬੇਸ਼ੱਕ ਅਸੀਂ ਵੱਡੀਆਂ ਤਾਕਤਾਂ ਨੂੰ ਰੋਕਣ ਦੇ ਸਮਰੱਥ ਨਹੀਂ ਹਾਂ ਪਰ ਸ਼ਾਂਤੀਪੂਰਨ ਢੰਗ ਨਾਲ ਆਪਣੀ ਆਵਾਜ਼ ਬੁਲੰਦ ਕਰ ਸਕਦੇ ਹਾਂ। ਇਸਦੇ ਬਾਅਦ ਆਰਤੀ ਬਕਸ਼ੀ ਨੇ ਬਹੁਤ ਸੁਰੀਲੀ ਸੋਜ਼ ਭਰਪੂਰ ਆਵਾਜ਼ ਵਿੱਚ ਹਿੰਦੀ ਦੀ ਗਜ਼ਲ ਪੇਸ਼ ਕੀਤੀ। ਦਰਸ਼ਨ ਬੁਲੰਦਵੀ ਯੂਕੇ ਨੇ ਆਪਣੀ ਕਵਿਤਾ "ਸੰਧੂਰ ਤੇ ਜੰਗ" ਪੇਸ਼ ਕੀਤੀ। ਜਿਸ ਵਿੱਚ ਬੁਲੰਦਵੀ ਨੇ ਜੰਗ ਦੇ ਪੈਂਦੇ ਮਾੜੇ ਪ੍ਰਭਾਵ ਅਤੇ ਨਤੀਜਿਆਂ ਨੂੰ ਪੇਸ਼ ਕੀਤਾ। ਦਿਨੇਸ਼ ਭੋਪਾਲੀ ਨੇ ਆਪਣੀ ਗਜ਼ਲ ਨੂੰ ਨਿਵੇਕਲੇ ਅੰਦਾਜ਼ ਵਿੱਚ ਸਭ ਨਾਲ ਸਾਂਝਾ ਕੀਤਾ। ਇਸਦੇ ਉਪਰੰਤ ਇਤਾਲਵੀ ਕਵਿਤਰੀ ਕਲਾਊਦੀਆ ਬੈਲੀ ਨੇ ਆਪਣੀ ਕਵਿਤਾ ਪੇਸ਼ ਕੀਤੀ। ਜਿਸ ਵਿੱਚ ਬਹੁਤ ਗਹਿਰੇ ਭਾਵ ਪੇਸ਼ ਕਰਦਿਆਂ ਦਿਲ ਤੇ ਪਿਆਰ ਦੀ ਗੱਲ ਕੀਤੀ । ਇਸ ਤੋਂ ਬਾਅਦ ਪੰਜਾਬੀ ਸ਼ਾਇਰ ਅਮਜਦ ਆਰਫ਼ੀ ਜਰਮਨੀ ਨੇ ਆਪਣੀਆਂ ਕੁਝ ਗਜ਼ਲਾਂ ਦੇ ਸ਼ੇਅਰ ਪੇਸ਼ ਕੀਤੇ ਜਿਹਨਾਂ ਵਿੱਚ ਉਹ ਜੰਗ ਨੂੰ ਪਰ੍ਹਾਂ ਕਰਕੇ ਅਮਨ ਦੀ ਗੱਲ ਕਰਦਾ ਹੈ। ਪੰਜਾਬੀ ਮੂਲ ਦੀ ਕਵਿਤਰੀ ਜਸਮੀਨ ਕੌਰ ਨੇ ਇਤਾਲਵੀ ਭਾਸ਼ਾ ਵਿੱਚ ਆਪਣੀ ਕਵਿਤਾ ਪੇਸ਼ ਕਰਦਿਆਂ ਕਿਹਾ ਕਿ ਸੰਵਾਦ ਦਾ ਹੋਣਾ ਬਹੁਤ ਜਰੂਰੀ ਹੈ। ਇਸੇ ਦੌਰਾਨ ਜੱਸੀ ਢਿੱਲੋਂ ਯੂ ਐੱਸ ਏ ਵੀ ਆਪਣੀ ਰਚਨਾ ਸਾਂਝੀ ਕੀਤੀ ।ਇਸ ਸਮਾਗਮ ਵਿੱਚ ਸਰੋਤਿਆਂ ਦੇ ਤੌਰ ਤੇ ਆਤਮਜੀਤ ਕੌਰ , ਤਰਨ ਬੱਲ, ਜਤਿੰਦਰ ਕੌਰ ਅਤੇ ਸੰਦਰੀਨੋ ਮਾਰੀਓ ਵੀ ਸ਼ਾਮਿਲ ਰਹੇ।

ਵਿਚਾਰ ਚਰਚਾ ਦੌਰਾਨ ਇਤਾਲਵੀ ਕੌਂਸਲਰ ਅਤੇ ਬਹੁ ਪੱਖੀ ਸ਼ਖਸ਼ੀਅਤ ਮਾਸੀਮੋ ਬਿਲੈਈ ਨੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਸੰਸਾਰ ਵਿੱਚ ਸ਼ਾਂਤੀ ਪੈਦਾ ਕਰਨ ਲਈ ਸਾਨੂੰ ਯਤਨ ਕਰਦੇ ਰਹਿਣਾ ਚਾਹੀਦਾ ਹੈ। ਜਿਸ ਲਈ ਸੰਵਾਦ ਸਭ ਤੋਂ ਵੱਡਾ ਹਥਿਆਰ ਹੈ। ਇਸ ਤਰਾਂ ਮੌਰੀਸ਼ਸ ਤੋਂ ਸ਼ਾਮਿਲ ਸੁਰੀਤੀ ਰਘੂਨੰਦਨ ਨੇ ਵੱਖ ਵੱਖ ਕਵੀਆਂ ਦੀ ਕਵਿਤਾ ਉੱਪਰ ਆਪਣੇ ਵਿਚਾਰ ਪੇਸ਼ ਕੀਤੇ ਅਤੇ ਉਹਨਾਂ ਦੀ ਸਮੀਖਿਆ ਵੀ ਕੀਤੀ। ਸੁਰੀਤੀ ਰਘੂਨੰਦਨ ਦਾ ਖਾਸ ਪੱਖ ਰਿਹਾ ਕਿ ਉਹ ਮੌਰੀਸ਼ਸ਼ ਵਿੱਚ ਲੰਮੇ ਸਮੇਂ ਤੋਂ ਰਹਿੰਦਿਆਂ ਵੀ ਭਾਰਤੀ ਸੰਸਕ੍ਰਿਤੀ ਨਾਲ ਜੁੜੀ ਹੋਈ ਹੈ ਅਤੇ ਪੰਜਾਬੀ ਵੀ ਬਹੁਤ ਸੋਹਣੀ ਬੋਲਦੀ ਹੈ। ਅੰਤ ਵਿੱਚ ਉੱਘੇ ਚਿੰਤਕ, ਕਵੀ ਅਤੇ ਨਾਟਕਕਾਰ ਅਮਰਜੀਤ ਸਿੰਘ ਗਰੇਵਾਲ ਨੇ ਸਮੁੱਚੇ ਸਮਾਗਮ ਦੇ ਪ੍ਰਬੰਧ ਲਈ ਸਭ ਦੀ ਸ਼ਲਾਘਾ ਕਰਦਿਆਂ ਜੰਗ ਅਤੇ ਅਮਨ ਬਾਰੇ ਗਹਿਰੇ ਵਿਚਾਰ ਸਾਂਝੇ ਕੀਤੇ ਅਤੇ ਆਪਣੀ ਲੰਮੀ ਤੇ ਅਰਥ ਭਰਭੂਰ ਕਵਿਤਾ ਅਮਨ ਪੇਸ਼ ਕੀਤੀ। ਜਿਸ ਤੋਂ ਬਾਅਦ ਉਹਨਾਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਸੰਸਾਰਕ ਮੰਚ ਉੱਪਰ ਸੰਵਾਦ ਹੁੰਦਾ ਰਹਿਣਾ ਚਾਹੀਦਾ ਹੈ। ਸਾਨੂੰ ਆਪਣੇ ਵਿਚਾਰ ਹਮੇਸ਼ਾ ਦ੍ਰਿੜ ਇਰਾਦੇ ਨਾਲ ਪੇਸ਼ ਕਰਦੇ ਰਹਿਣਾ ਚਾਹੀਦਾ ਹੈ। ਗੁਰਪ੍ਰੀਤ ਕੌਰ ਗਾਇਦੂ ਗਰੀਸ ਵੀ ਇਸ ਸਮਾਗਮ ਦਾ ਹਿੱਸਾ ਬਣੇ। ਇਸ ਸਮਾਗਮ ਦਾ ਖਾਸ ਪੱਖ ਇਹ ਵੀ ਰਿਹਾ ਕਿ ਵੱਖ ਵੱਖ ਭਾਸ਼ਾਵਾਂ ਦੀਆਂ ਕਵਿਤਾਵਾਂ ਨੂੰ ਪ੍ਰੋ ਜਸਪਾਲ ਸਿੰਘ ਇਟਲੀ ਅਤੇ ਆਰਤੀ ਬਕਸ਼ੀ ਅਨੁਵਾਦ ਕਰਕੇ ਸਭ ਨਾਲ ਸਾਂਝਾ ਕਰਦੇ ਰਹੇ। ਦਲਜਿੰਦਰ ਸਿੰਘ ਰਹਿਲ ਬਹੁਤ ਖੂਬਸੂਰਤੀ ਨਾਲ ਪੰਜਾਬੀ, ਹਿੰਦੀ ਤੇ ਇਤਾਲਵੀ ਕਵੀਆਂ ਅਤੇ ਬੁਲਾਰਿਆਂ ਨੂੰ ਪੇਸ਼ ਕਰਦੇ ਰਹੇ। ਇਸ ਨਿਵੇਕਲੀ ਕਿਸਮ ਦੇ ਬਹੁ ਭਾਸ਼ਾਈ ਸਮਾਗਮ ਨਾਲ ਇੱਕ ਨਵੀਂ ਪਿਰਤ ਪਈ ਹੈ ਜੋ ਇਪਲਾ ਵੱਲੋਂ ਲਗਾਤਾਰ ਜਾਰੀ ਰਹੇਗੀ।

## ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿੱਚ 52 ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟ ਲਾਂਚ ਕੀਤੇ, ਫੋਕਲ ਪੁਆਇੰਟ ਖੇਤਰਾਂ ਲਈ ਵੱਡਾ ਤੋਹਫ਼ਾ*

### *ਉਦਯੋਗ ਨੂੰ ਮਜ਼ਬੂਤੀ ਦੇਣ ਲਈ ਪੰਜਾਬ ਸਰਕਾਰ ਦੇ ਵੱਡੇ ਕਦਮ, ਸੜਕਾਂ, ਪਾਰਕਾਂ, ਸਟਰੀਟ ਲਾਈਟਾਂ ਅਤੇ ਸੀਵਰੇਜ ਸਿਸਟਮ ਨੂੰ ਅਪਗ੍ਰੇਡ ਕਰਨ ਲਈ ਵੱਡਾ ਬਜਟ ਜਾਰੀ*

### *ਉਦਯੋਗਪਤੀਆਂ ਨੇ ਵਿਕਾਸ ਪ੍ਰੋਜੈਕਟਾਂ ਲਈ ਕੈਬਨਿਟ ਮੰਤਰੀ ਸੰਜੀਵ ਅਰੋੜਾ ਦਾ ਕੀਤਾ ਧੰਨਵਾਦ*

ਵਰਲਡ ਪੰਜਾਬੀ ਟਾਈਮਜ਼




ਲੁਧਿਆਣਾ, 3 ਮਈ: ਰਾਜ ਦੇ ਉਦਯੋਗਿਕ ਹੱਬ ਵਜੋਂ ਜਾਣੇ ਜਾਂਦੇ ਲੁਧਿਆਣਾ ਸ਼ਹਿਰ ਦੇ ਵੱਖ-ਵੱਖ ਫੋਕਲ ਪੁਆਇੰਟ ਖੇਤਰਾਂ ਨੂੰ ਇੱਕ ਵੱਡਾ ਰੂਪ ਦੇਣ ਦੀ ਕੋਸ਼ਿਸ਼ ਵਿੱਚ ਸਥਾਨਕ ਸਰਕਾਰਾਂ, ਉਦਯੋਗ ਤੇ ਵਣਜ, ਨਿਵੇਸ਼ ਪ੍ਰਮੋਸ਼ਨ ਅਤੇ ਬਿਜਲੀ ਦੇ ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਸ਼ਨੀਵਾਰ ਨੂੰ ਫੋਕਲ ਪੁਆਇੰਟ ਦੇ ਸੀ.ਆਈ.ਸੀ.ਯੂ ਕੰਪਲੈਕਸ ਵਿਖੇ ਆਯੋਜਿਤ ਇੱਕ ਸਮਾਗਮ ਦੌਰਾਨ ਕਰੀਬ 52 ਕਰੋੜ ਰੁਪਏ ਦੇ ਕਈ ਵਿਕਾਸ ਪ੍ਰੋਜੈਕਟ ਲਾਂਚ ਕੀਤੇ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁੱਲ 52 ਕਰੋੜ ਰੁਪਏ ਵਿੱਚੋਂ, 16 ਕਰੋੜ ਰੁਪਏ ਗੁਣਵੱਤਾ ਵਾਲੇ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ 'ਤੇ, 21 ਕਰੋੜ ਰੁਪਏ ਪਾਰਕਾਂ/ਗਰੀਨ ਬੈਲਟਾਂ ਨੂੰ ਵਿਕਸਤ ਕਰਨ 'ਤੇ, 6 ਕਰੋੜ ਰੁਪਏ ਪਾਣੀ ਸਪਲਾਈ/ਸੀਵਰੇਜ ਸਿਸਟਮ ਨੂੰ ਅਪਗ੍ਰੇਡ ਕਰਨ 'ਤੇ ਅਤੇ 9 ਕਰੋੜ ਰੁਪਏ ਵੱਖ-ਵੱਖ ਫੋਕਲ ਪੁਆਇੰਟ ਖੇਤਰਾਂ ਵਿੱਚ ਸਟਰੀਟ ਲਾਈਟਾਂ ਲਗਾਉਣ 'ਤੇ ਖਰਚ ਕੀਤੇ ਜਾਣਗੇ।

ਇਸ ਮੌਕੇ ਸੀ.ਆਈ.ਸੀ.ਯੂ. ਦੇ ਪ੍ਰਧਾਨ ਉਪਕਾਰ ਸਿੰਘ ਆਹੂਜਾ, ਜੇ.ਐਸ. ਭੋਗਲ, ਰਾਹੁਲ ਆਹੂਜਾ, ਹਨੀ ਸੇਠੀ ਸਮੇਤ ਹੋਰਨਾਂ ਦੀ ਅਗਵਾਈ ਵਿੱਚ ਉਦਯੋਗਪਤੀਆਂ ਦੇ ਵੱਡੇ ਇਕੱਠ ਨੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦਾ ਨਵੀਂ ਉਦਯੋਗਿਕ ਨੀਤੀ ਅਤੇ ਹਲਵਾਰਾ ਹਵਾਈ ਅੱਡੇ ਲਈ ਧੰਨਵਾਦ ਕੀਤਾ।

52 ਕਰੋੜ ਰੁਪਏ ਦੇ ਕਈ ਪ੍ਰੋਜੈਕਟ ਸ਼ੁਰੂ ਕਰਨ ਲਈ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੀ ਸ਼ਲਾਘਾ ਕਰਦੇ ਹੋਏ ਉਦਯੋਗਪਤੀਆਂ ਨੇ ਕਿਹਾ ਕਿ ਇਹ ਪ੍ਰੋਜੈਕਟ ਉਦਯੋਗ ਨੂੰ ਵਧਣ ਅਤੇ ਉਤਸ਼ਾਹਿਤ ਕਰਨ ਵਿੱਚ ਯਕੀਨਨ ਮਦਦ ਕਰਨਗੇ। ਉਦਯੋਗਪਤੀਆਂ ਨੇ ਉਦਯੋਗ ਨੂੰ ਸਹੂਲਤ ਦੇਣ ਲਈ ਉਨ੍ਹਾਂ ਦੇ ਨਿਯਮਤ ਅਤੇ ਨਿਰੰਤਰ ਯਤਨਾਂ ਲਈ ਕੈਬਨਿਟ ਮੰਤਰੀ ਅਰੋੜਾ ਦੀ ਸ਼ਲਾਘਾ ਕੀਤੀ।

ਸਮਾਗਮ ਦੌਰਾਨ ਉਦਯੋਗਪਤੀਆਂ ਤੋਂ ਫੀਡਬੈਕ ਵੀ ਲਿਆ ਗਿਆ ਅਤੇ ਕੈਬਨਿਟ ਮੰਤਰੀ ਅਰੋੜਾ ਨੇ ਭਰੋਸਾ ਦਿੱਤਾ ਕਿ ਵੱਡੇ ਪੱਧਰ 'ਤੇ ਉਦਯੋਗ ਨੂੰ ਸਹੂਲਤ ਦੇਣ ਲਈ ਹਰ ਕਦਮ ਚੁੱਕਿਆ ਜਾ ਰਿਹਾ ਹੈ। ਰਾਜ ਦੇ ਫੋਕਲ ਪੁਆਇੰਟਾਂ ਅਤੇ ਹੋਰ ਉਦਯੋਗਿਕ ਖੇਤਰਾਂ ਨੂੰ ਇੱਕ ਨਵਾਂ ਰੂਪ ਦੇਣ ਲਈ ਵੱਡੇ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ।

ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਦੇ ਪ੍ਰੋਜੈਕਟ ਸੰਪਰਕ ਅਤੇ ਆਵਾਜਾਈ ਵਿੱਚ ਸੁਧਾਰ ਕਰਨਗੇ ਜਦੋਂ ਕਿ ਸਟਰੀਟ ਲਾਈਟਾਂ ਦੀ ਸਥਾਪਨਾ ਸੁਰੱਖਿਆ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰੇਗੀ। ਇਹ ਦੱਸਦੇ ਹੋਏ ਕਿ ਨਗਰ ਨਿਗਮ ਦੁਆਰਾ ਵੱਡੀ ਗਿਣਤੀ ਵਿੱਚ ਪਾਰਕਾਂ/ਗ੍ਰੀਨ ਬੈਲਟਾਂ ਦਾ ਵੀ ਪੁਨਰ ਵਿਕਾਸ ਕੀਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਨੇ ਉਦਯੋਗਪਤੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ ਦੁਆਲੇ ਦੇ ਖੇਤਰਾਂ ਵਿੱਚ ਪਾਰਕਾਂ/ਗ੍ਰੀਨ ਬੈਲਟਾਂ ਨੂੰ ਅਪਣਾਉਣ।

ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਵਿਆਪਕ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦੇ ਹੋਏ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਗੇ ਕਿਹਾ ਕਿ ਸੂਬੇ ਭਰ ਵਿੱਚ ਸੜਕੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ 1300 ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਇਹ ਪ੍ਰੋਜੈਕਟ ਮਈ ਦੇ ਅੰਤ ਤੱਕ ਪੂਰੇ ਹੋ ਜਾਣਗੇ।

ਉਨ੍ਹਾਂ ਅੱਗੇ ਕਿਹਾ ਕਿ ਸੂਬੇ ਭਰ ਵਿੱਚ ਠੋਸ ਰਹਿੰਦ-ਖੂੰਹਦ ਪ੍ਰਬੰਧਨ ਨੂੰ ਬਿਹਤਰ ਬਣਾਉਣ ਲਈ ਵੀ ਕਈ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ। ਇਹ ਦੱਸਦੇ ਹੋਏ ਕਿ ਸੂਬੇ ਵਿੱਚ ਬਿਜਲੀ ਦੀ ਕੋਈ ਕਮੀ ਨਹੀਂ ਹੈ। ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਸੂਬੇ ਵਿੱਚ ਬਿਜਲੀ ਬੁਨਿਆਦੀ ਢਾਂਚੇ ਨੂੰ ਵੀ ਹਾਲ ਹੀ ਵਿੱਚ ਵੱਡੇ ਪੱਧਰ 'ਤੇ ਅਪਗ੍ਰੇਡ ਕੀਤਾ ਗਿਆ ਹੈ ਅਤੇ ਬਿਜਲੀ ਸਪਲਾਈ ਪ੍ਰਣਾਲੀ ਨੂੰ ਸੁਚਾਰੂ ਬਣਾਉਣ ਲਈ ਹੋਰ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ। ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ, ਸੰਯੁਕਤ ਕਮਿਸ਼ਨਰ ਵਿਨੀਤ ਕੁਮਾਰ ਸਮੇਤ ਹੋਰਾਂ ਦੇ ਨਾਲ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਰਾਜ ਸਭਾ ਮੈਂਬਰ ਵਜੋਂ ਆਪਣੇ ਕਾਰਜਕਾਲ ਦੌਰਾਨ ਵੀ ਉਨ੍ਹਾਂ ਨੇ ਵੱਖ-ਵੱਖ ਫੋਕਲ ਪੁਆਇੰਟ ਖੇਤਰਾਂ ਵਿੱਚ ਕੰਕਰੀਟ ਦੀਆਂ ਸੜਕਾਂ ਬਣਾਉਣ ਲਈ 42 ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਸਨ। ਬਾਕੀ ਸੜਕਾਂ ਹੁਣ ਸ਼ਨੀਵਾਰ ਨੂੰ ਸ਼ੁਰੂ ਕੀਤੇ ਗਏ ਪ੍ਰੋਜੈਕਟਾਂ ਦੇ ਤਹਿਤ ਦੁਬਾਰਾ ਬਣਾਈਆਂ ਜਾਣਗੀਆਂ।